# ਚੰਗਾ ਭਾਈ ਮੰਨਾ ਸਿਆਂ !

*—ਲਾਭ ਸਿੰਘ ਸੰਧੂ*

ਚੰਗਾ ਭਾਈ ਮੰਨਾ ਸਿਆਂ ! ਧੰਨ ਤੇਰੀ ਮਾਤਾ ਜਿਸ ਤੈਨੂੰ ਜਨਮ ਦਿੱਤਾ। ਸੱਚਮੁੱਚ ਜੇ ਕੋਈ ਨਿਡਰ ਕਲਮਕਾਰ ਲੋਕਾਂ ਦਾ ਹੋ ਕੇ ਲੋਕਾਂ 'ਚ ਵਿਚਰਿਆ ਤਾਂ ਉਹ ਤੂੰ ਸੀ। ਤੂੰ ਆਪ ਹੀ ਨਿਡਰਤਾ ਦੇ ਰਾਹ ਨਹੀਂ ਤੁਰਿਆ, ਸਗੋਂ ਮੇਰੇ ਵਰਗੇ ਅਨੇਕਾਂ ਕਲਮਕਾਰਾਂ ਨੂੰ ਸੱਚ ਦੇ ਰਾਹ 'ਤੇ ਤੁਰਨ ਦੀ ਚੇਟਕ ਲਾ ਗਿਆ। ਬਾਈ ਮੰਨਾ ਸਿਆਂ ! ਮੈਨੂੰ ਯਾਦ ਹੈ ਕਿ ਮੇਰੇ ਵੱਡੇ ਬਾਈ ਸ੍ਰ. ਨਿਰਭੈ ਸਿੰਘ ਕੋਮਲ ਦੁਆਰੇਆਣੇ ਵਾਲੇ ਨਾਲ ਤੇਰੀ ਵਿਚਾਰਾਂ ਦੀ ਸਾਂਝ ਸੀ ਤੇ ਉਹ ਵੀ ਤੇਰੇ ਵਾਂਗੂੰ ਬੜਾ ਨਿਡਰ ਬੰਦਾ ਸੀ। ਥੋੜੀ ਵੇਖਾ-ਵੇਖੀ ਹੀ ਮੈਨੂੰ ਵੀ ਬਚਪਨ ਵਿਚ ਹੀ ਕਲਮ ਦੀ ਸ਼ਕਤੀ ਦਾ ਅਹਿਸਾਸ ਹੋ ਗਿਆ ਸੀ। ਮੈਂ ਇਕ ਵਾਰੀ ਫ਼ਰੀਦਕੋਟ ਵਿਚ ਇਕ ਸਮਾਗਮ 'ਚ ਜਿਸ ਦੀ ਪ੍ਰਧਾਨਗੀ ਇਕ ਥੋੜੇ ਵਰਗਾ ਹੋਰ ਦਲੇਰ 'ਬਿਸਮਿਲ ਫ਼ਰੀਦਕੋਟੀ' ਕਰ ਰਿਹਾ ਸੀ, ਵਿਚ ਇਕ ਗਰਮ ਕਵਿਤਾ ਪੜ੍ਹ ਦਿੱਤੀ, ਜਿਸ ਦੀ ਲੋਕਾਂ ਬੜੇ ਜੋਸ਼ ਨਾਲ ਤਾੜੀਆਂ ਮਾਰ ਕੇ ਦਾਦ ਦਿੱਤੀ, ਜਿਸ ਨੇ ਮੈਨੂੰ ਕਵਿਤਾਵਾਂ ਦਾ ਜਨੂੰਨ ਜਿਹਾ ਚਾੜ੍ਹ ਦਿੱਤਾ। ਮੈਨੂੰ ਜਿਥੇ ਵੀ ਮੌਕਾ ਮਿਲਦਾ, ਆਪਣੀ ਅੱਗ ਵਰ੍ਹਾਉਂਦੀ ਕਵਿਤਾ ਸੁਣਾ ਦਿੰਦਾ। ਇਸੇ ਕਰਕੇ ਹੀ ਮੈਨੂੰ ਇਕ ਦਿਨ ਸੀ.ਆਈ.ਡੀ. ਦੇ ਇਕ ਅਧਿਕਾਰੀ ਨੇ ਆਪਣੇ ਦਫ਼ਤਰ ਬੁਲਾ ਲਿਆ ਤੇ ਕਹਿਣ ਲੱਗਾ—ਬੰਦਾ ਬਣ ਜਾ, ਨਈਂ ਤਾਂ ਫੇਰ ਪੁਲਿਸ ਦੀ ਕੁੱਟ ਝੱਲੀ ਨਹੀਂ ਜਾਣੀ। ਥੋੜਾ ਵੱਡਾ ਤਾਂ ਪੁੱਠੇ ਰਾਹ ਤੁਰਿਆ ਈ ਐ, ਤੂੰ ਵੀ ਤੁਰ ਪਿਆ ? ਜੇ ਤੈਨੂੰ ਗੁਰਸ਼ਰਨ ਸਿੰਘ ਦੇ ਡਰਾਮੇ ਵੇਖਦਾ ਫੜ ਲਿਆ ਤਾਂ ਮੈਥੋਂ ਬੁਰਾ ਕੋਈ ਨਹੀਂ। ਮੈਂ ਤਾਂ ਓਦੋਂ ਜੁਆਕ ਹੀ ਸੀ, ਪਰ ਮੈਥੋਂ ਕਿਹਾ ਗਿਆ—"ਜੇ ਤੂੰ ਗੁਰਸ਼ਰਨ ਸਿੰਘ ਦਾ ਕੁਝ ਨੀਂ ਵਿਗਾੜ ਸਕਿਆ, ਮੇਰੇ ਵੱਡੇ ਬਾਈ ਨੂੰ ਡਰਾ ਨੀਂ ਸਕਿਆ ਤਾਂ ਫੇਰ ਮੈਨੂੰ ਕਿਵੇਂ ਚੁੱਪ ਕਰਾਲੇਂਗਾ ?" ਤੇ ਬਾਈ ਮੰਨਾ ਸਿਆਂ ! ਉਸ ਦਿਨ ਤੋਂ ਪਿੱਛੋਂ ਮੈਨੂੰ ਤੇਰੀ ਦਲੇਰੀ ਭਰੇ ਸ਼ਬਦ ਹੋਰ ਵੀ ਚੰਗੇ ਲੱਗਣ ਲੱਗ ਪਏ। ਤੇਰੇ ਲੋਕ-ਪੱਖੀ ਨਾਟਕਾਂ ਨੇ ਹੀ ਮੈਨੂੰ ਨੁੱਕੜ-ਨਾਟਕੀ ਖੁੰਢ-ਚਰਚਾ ਲਿਖਣ ਲਈ ਪ੍ਰੇਰਨਾ ਦਿੱਤੀ। ਖ਼ੈਰ ! ਬਾਈ ਮੈਂ ਤਾਂ ਆਪ ਹੀ ਆਪਣੇ ਮੂੰਹ ਮੀਆਂ ਮਿੱਠੂ ਬਣ ਗਿਆ। ਕਹਿਣਾ ਤਾਂ ਮੈਂ ਇਹ ਚਾਹੁੰਦਾ ਸੀ ਬਈ ਜਦੋਂ ਤੂੰ ਐਨਾ ਵੱਡਾ ਸਰਕਾਰੀ ਅਫ਼ਸਰ ਹੋਇਆਂ, ਸਟੇਜ 'ਤੇ ਸਰਕਾਰ ਵਿਰੁੱਧ ਗਰਜਣ ਤੋਂ ਨਾ ਡਰਿਆ ਤਾਂ ਫੇਰ ਤੇਰੇ

ਪਾਠਕਾਂ-ਦਰਸ਼ਕਾਂ ਤੇ ਪ੍ਰਸ਼ੰਸਕਾਂ 'ਚ ਦਲੇਰੀ ਆਉਣੀ ਵੀ ਤਾਂ ਕੁਦਰਤੀ ਸੀ। ਹੁਣ ਗੱਲ ਤੇਰੇ ਡਰਾਮਿਆਂ ਦੀ ਵੀ ਕਰ ਲਈਏ। ਤੂੰ ਮੁਲਤਾਨੀ ਦਾ ਫ਼ਰਜ਼ੰਦ, ਮਾਝੀ ਦਾ ਪਾਣੀ ਪੀਣ ਵਾਲਾ, ਪਰ ਸੱਚ ਜਾਣੀਂ, ਤੇਰੇ ਮਗਰ ਵਹੀਰਾਂ ਘੱਤਣ ਵਾਲੇ ਮਲਵੱਈਆਂ ਨੂੰ ਤੂੰ ਹਮੇਸ਼ਾ ਮਲਵਈ ਮਾਂ ਦਾ ਪੁੱਤ ਹੀ ਜਾਪਦਾ ਸੀ, ਦੁਆਬੇ ਵਾਲੇ ਤੈਨੂੰ 'ਦੁਆਬੀ' ਜਾਂ ਮਾਂ ਦਾ ਜਾਇਆ ਤੇ ਪੁਆਧੀਏ ਤੈਨੂੰ 'ਪੁਆਧੀ ਦਾ ਸ਼ੇਰ' ਸਮਝਦੇ ਸਨ। ਤੂੰ ਬਚਪਨ ਦੇ ਸਕੂਲਾਂ ਵਿਚ ਪੰਜਾਬੀ ਨਹੀਂ ਪੜ੍ਹੀ ਤੇ ਨਾ ਹੀ ਤੇਰੀ ਜੁਆਨੀ ਦੀ ਪੜ੍ਹਾਈ ਪੰਜਾਬੀ ਵਿਚ ਸੀ, ਪਰ ਅੱਜ ਪੰਜਾਬੀ ਦੀ ਸ਼ਬਦਾਵਲੀ ਪਿੱਛੇ 'ਛਿੱਤਰੀ ਦਾਲ' ਵੰਡਣ ਵਾਲਿਆਂ ਨਾਲੋਂ ਤੇਰੀ ਬੋਲੀ ਲੋਕਾਂ ਦੇ ਦਿਲਾਂ 'ਤੇ ਕਿੰਨਾ ਜ਼ਿਆਦਾ ਅਸਰ ਪਾਉਂਦੀ ਸੀ, ਇਹ ਸਿਰਫ਼ ਲੋਕ ਹੀ ਜਾਣਦੇ ਹਨ। ਤੇਰੇ ਹਰ ਇਕ ਨਾਟਕ, ਇਕਾਂਗੀ, ਨੁੱਕੜ ਨਾਟਕ ਨੂੰ ਦੇਖਣ ਲਈ ਲੋਕਾਂ ਦਾ ਮੇਲਾ ਲੱਗ ਜਾਂਦਾ ਹੁੰਦਾ ਸੀ।

ਬਈ! ਤੇਰੇ ਨਾਟਕਾਂ ਦੇ ਵਿਸ਼ੇ ਵੀ ਕਮਾਲ ਹਨ, ਤੂੰ ਭਾਵੇਂ ਕਦੇ ਕਾਂਗਰਸੀ, ਅਕਾਲੀ ਜਾਂ ਕਾਮਰੇਡ ਹੋਣ ਦਾ ਦਾਅਵਾ ਨਹੀਂ ਕੀਤਾ, ਪਰ ਫੇਰ ਵੀ ਤੂੰ ਪੰਜਾਬ ਦੇ ਇਤਿਹਾਸ, ਸਿੱਖ ਮਾਨਸਿਕਤਾ, ਸਿੱਖੀ ਸੋਚ ਨੂੰ ਜਿਸ ਤਰ੍ਹਾਂ ਲੋਕਾਂ ਸਾਹਮਣੇ ਪੇਸ਼ ਕੀਤਾ, ਉਹ ਵੀ ਕਮਾਲ ਸੀ। ਤੇਰੇ ਇਨ੍ਹਾਂ ਨਾਟਕਾਂ ਕਰਕੇ ਤੇਰੀ ਸੱਚੀ-ਸੁੱਚੀ ਨਿਡਰ ਸੋਚ ਕਰਕੇ, ਮੌਕੇ ਦੇ ਸਰਕਾਰੀ ਅਫ਼ਸਰਾਂ ਨੇ, ਵਿਦੇਸ਼ੀ ਸਰਕਾਰਾਂ ਦੇ ਕੁੱਲਵਕਤੀ ਕਰਿੰਦਿਆਂ ਨੇ ਤੇਰੇ 'ਤੇ ਬਥੇਰੇ ਦੋਸ਼ ਲਾਏ, ਪਰ ਤੇਰੇ ਲੱਖਾਂ ਦਰਸ਼ਕਾਂ-ਪਾਠਕਾਂ ਦੇ ਸਾਹਮਣੇ ਉਨ੍ਹਾਂ ਨੂੰ ਹਰ ਗੱਲ ਮਲਵੀਂ ਜ਼ੁਬਾਨ ਨਾਲ ਈ ਕਹਿਣੀ ਪਈ। ਮੌਕੇ ਦੀਆਂ ਸਰਕਾਰਾਂ ਨੇ ਤੇਰੀ ਨੌਕਰੀ ਖੋਹੀ, ਤੈਨੂੰ ਸਲਾਖਾਂ ਪਿੱਛੇ ਬੰਦ ਕੀਤਾ, ਪਰ ਤੂੰ ਭੋਰਾ ਵੀ ਡੋਲਿਆ ਜਾਂ ਥਿੜਿਆ ਨਾ। ਸਗੋਂ ਹੋਰ ਤਾਂ ਹੋਰ ਮੇਰੇ ਵਰਗੇ ਅਨੇਕਾਂ ਡਰਾਕਲਾਂ ਨੂੰ ਵੀ ਕਲਮੀ ਸ਼ੇਰ ਬਣਾ ਗਿਆ। ਬਾਈ! ਤੂੰ ਅਨੇਕਾਂ ਚੋਬਰਾਂ ਨੂੰ ਸਟੇਜ ਦੇ ਸ਼ਹਿਨਸ਼ਾਹ ਬਣਾ ਗਿਆ, ਅਨੇਕਾਂ ਅਬਲਾ ਧੀਆਂ ਨੂੰ ਦਲੇਰੀ ਦੇ ਗਿਆ ਤੇ ਨਾਲ ਹੀ ਧੀਆਂ-ਪੁੱਤਰਾਂ ਦੀ ਬਰਾਬਰੀ ਵਾਲਾ ਪਾਠ ਪੜ੍ਹਾ ਗਿਆ। ਤੂੰ ਸਮਾਜ ਵਿਚ ਹੋ ਰਹੇ ਕੁਕਰਮਾਂ ਵਿਰੁੱਧ ਬੋਲਿਆ, ਸਰਕਾਰੀ ਧੱਕੇ ਖ਼ਿਲਾਫ਼ ਅੜਿਆ। ਤੇਰੀ ਕਲਮ, ਤੇਰੀ ਜ਼ਬਾਨ ਨੇ ਸਦਾ ਹੀ ਸੱਚ 'ਤੇ ਪਹਿਰਾ ਦਿੱਤਾ। ਭਾਈ ਮੰਨਾ ਸਿਆਂ! ਤੇਰੀ ਇਕ ਗੱਲ ਹੋਰ, ਜੋ ਮੇਰੇ ਅੰਦਰ ਵੜੀ ਬੈਠੀ ਹੈ, ਉਹ ਵੀ ਦੱਸ ਦਿਆਂ ਕਿ ਤੂੰ ਲੋਕਾਂ ਨੂੰ ਪੁਸਤਕਾਂ ਨਾਲ ਜੋੜਨ ਲਈ ਸਾਰੀ ਉਮਰ ਜੂਝਦਾ ਰਿਹਾ ਤੇ ਹੋਰ ਅਨੇਕਾਂ ਵਿਚ ਵੀ ਇਹ ਜਨੂੰਨ ਪੈਦਾ ਕਰ ਗਿਆ। ਇਕ ਗੱਲ ਇਹ ਵੀ ਕਿ ਸਾਰੇ ਤੇਰੇ ਪ੍ਰਸ਼ੰਸਕ ਨਹੀਂ ਹਨ, ਪਰ ਤੇਰੇ ਨਿੰਦਕਾਂ ਨੂੰ ਤੇਰੇ ਵਿਰੁੱਧ ਗੱਲ ਕਰਨ ਲੱਗਿਆਂ ਸੰਗ ਆਉਂਦੀ ਹੈ, ਪਰ ਤੇਰੇ ਹਿਮਾਇਤੀ ਨਿਸੰਗ ਹੋ ਕੇ ਗੱਜਦੇ ਹਨ। ਬਾਈ! ਤੂੰ ਅੱਠ ਦਹਾਕੇ ਪਾਰ ਕਰਕੇ, ਮੰਜੇ ਨਾਲ ਜੁੜ ਕੇ ਵੀ ਆਪਣੀ ਸੋਚ ਨੂੰ ਬੁੱਢੀ ਨਹੀਂ ਹੋਣ ਦਿੱਤਾ। ਅੱਸੂ ਦੇ ਮਹੀਨੇ ਜਨਮ ਲੈ ਕੇ, ਅੱਸੂ ਦੇ ਮਹੀਨੇ ਈ ਤੁਰ ਗਿਆ।

ਚੰਗਾ ਭਾਈ ਮੰਨਾ ਸਿਆਂ! ਅਲਵਿਦਾ।

# ਭਾਅ ਜੀ, ਮੈਂ ਤਕੜੇ ਰਹਿਣ ਦਾ ਯਤਨ ਕਰਾਂਗੀ...

*—ਦਵੀ ਦਵਿੰਦਰ ਕੌਰ*

ਰਾਤੀਂ ਦੂਜੇ ਐਡੀਸ਼ਨ ਲਈ ਮੇਰੀ ਡਿਊਟੀ ਸੀ। ਰਾਤ ਦੇ ਸਾਢੇ ਗਿਆਰਾਂ ਹੋ ਰਹੇ ਸਨ। ਡਿਊਟੀ ਮੁੱਕ ਰਹੀ ਸੀ। ਸਫ਼ੇ ਬਣਾਉਂਦਿਆਂ ਤੇ ਰੂਮ 'ਚ ਪੁੱਜਦਿਆਂ ਪੈੱਨ, ਐਨਕਾਂ ਤੇ ਹੋਰ ਨਿੱਕ-ਸੁੱਕ ਸਾਂਭਦਿਆਂ 12 ਵੱਜ ਗਏ। ਮੈਨੂੰ ਘਰ ਜਾਣ ਦੀ ਤਰਲੋਮੱਛੀ ਲੱਗੀ ਹੋਈ ਸੀ ਤੇ ਮੇਰੀ ਸੁਤਾਅ ਵਾਰ-ਵਾਰ ਘਰ 'ਚ ਉਡੀਕ ਰਹੇ ਇਕੱਲੇ ਪੁੱਤਰ ਵੱਲ ਜਾ ਰਹੀ ਸੀ। ਨਿਊਜ਼ ਐਡੀਟਰ ਨਾਲ ਕੋਈ ਗੱਲ ਕਰਦਿਆਂ ਮੇਰੇ ਫ਼ੋਨ ਦੀ ਘੰਟੀ ਵੱਜੀ ਤੇ ਉਸ ਵੇਲੇ ਸ਼ਬਦੀਸ਼ ਦਾ ਫ਼ੋਨ ਦੇਖ ਕੇ ਮੈਨੂੰ ਹੈਰਾਨੀ ਹੋਈ। ਉਹ ਕਹਿ ਰਿਹਾ ਸੀ—"ਦੀਦੀ, ਭਾ ਜੀ ਗੁਰਸ਼ਰਨ ਦੇ ਘਰੋਂ ਬੋਲ ਰਿਹਾਂ। ਦੀਦੀ ਭਾਅ ਜੀ ਚਲੇ ਗਏ।" ਮੇਰਾ ਹੁੰਗਾਰਾ 'ਹੈਂਅ' ਸੀ। ਫਿਰ ਫੌਰੀ 'ਧੀ ਦੇ ਨਾਲ-ਨਾਲ ਪੱਤਰਕਾਰੀ' ਵੀ ਜਾਗ ਪਈ ਤੇ 'ਕਦੋਂ, ਭਾਅ ਜੀ ਦੀ ਉਮਰ ਕਿੰਨੀ ਹੋ ਗਈ ਸੀ, ਕਿਵੇਂ ਹੋਇਆ, ਜਿਹੇ ਕਈ ਸੁਆਲ ਮੈਂ ਇਕੋ ਸਾਹ ਕਰ ਦਿੱਤੇ। ਨਿਊਜ਼ ਐਡੀਟਰ ਨੂੰ ਵੀ ਭਾਅ ਜੀ ਦੇ ਜਾਣ ਦਾ ਇਲਮ ਹੋ ਗਿਆ। ਉਹ ਵੀ ਫੌਰੀ ਪਹਿਲੇ ਸਫ਼ੇ ਤੋਂ ਕੋਈ ਖ਼ਬਰ ਬਦਲਣ ਦੀ ਤਿਆਰੀ 'ਚ ਧਿਆਨ ਮਗਨ ਸਨ। ਘਰਾਂ ਨੂੰ ਜਾਣ ਦੀ ਤਿਆਰੀ ਕਰ ਰਹੇ ਅਸੀਂ ਥੱਕੇ ਅਲਸਾਏ ਜਿਹੇ ਇਕਦਮ ਚੌਕਸ ਹੋ ਗਏ ਸਾਂ। ਮੇਰਾ ਧਿਆਨ ਹੁਣ ਘਰੋਂ ਮੁੜ ਕੇ ਭਾਅ ਜੀ ਤੇ ਫਿਰ ਵਾਰ-ਵਾਰ ਸਰਵਮੀਤ ਤੇ ਉਹਦੀ ਚਰਚਿਤ ਕਹਾਣੀ 'ਕਲਾਣ' ਵੱਲ ਜਾ ਰਿਹਾ ਸੀ। ਖ਼ੈਰ ਖ਼ਬਰ ਵਾਲਾ ਕੰਮ ਨਿਬੇੜ ਕੇ ਮੈਂ ਨਿਊਜ਼ ਰੂਮ 'ਚੋਂ ਬਾਹਰ ਹੁੰਦੀ 'ਨਿੱਜੀ' ਦੁਨੀਆ ਵਿਚ ਦਾਖ਼ਲ ਹੋਣ ਲੱਗੀ। ਦਫ਼ਤਰ ਦੇ ਵਿਹੜਿਓਂ ਬਾਹਰ ਹੁੰਦਿਆਂ ਤਕ ਮੇਰਾ ਸਰਵਮੀਤ ਨਾਲ ਸੰਵਾਦ ਸ਼ੁਰੂ ਹੋ ਜਾਂਦਾ ਹੈ। ਸਵਾ ਪੰਜ ਸਾਲ ਪਹਿਲਾਂ ਰੁਖ਼ਸਤ ਹੋ ਚੁੱਕੇ ਸਰਵਮੀਤ ਨੂੰ 'ਹੈ' ਤੋਂ 'ਸੀ' ਕਹਿਣਾ ਮੇਰੇ ਲਈ ਬਹੁਤ ਔਖਾ ਹੈ। ਮੈਨੂੰ ਜ਼ਿੰਦਗੀ ਦੀਆਂ ਸਭ ਦੁਸ਼ਵਾਰੀਆਂ, ਮਾਇਕ ਥੁੜ੍ਹਾਂ ਤੇ ਔਖਾਂ ਤੇ ਸਰਵਮੀਤ ਦੀਆਂ ਯੋਜਨਾਵਾਂ ਦੀਆਂ ਗੱਲਾਂ ਚੇਤੇ ਆਉਣ ਲੱਗ ਪੈਂਦੀਆਂ ਹਨ।

ਭਾਅ ਜੀ ਗੁਰਸ਼ਰਨ ਸਿੰਘ ਹੋਰਾਂ ਨੂੰ ਮੈਂ ਬਹੁਤਾ ਨਹੀਂ ਮਿਲੀ ਸੀ। ਮੈਂ ਉਨ੍ਹਾਂ ਨੂੰ ਟੀ.ਵੀ., ਰੰਗਮੰਚ ਰਾਹੀਂ ਹੀ ਜਾਣਿਆ ਸੀ ਤੇ ਆਦਰਸ਼ਾਂ 'ਚ ਸ਼ੁਮਾਰ ਕੀਤਾ ਸੀ।

ਉਨ੍ਹਾਂ ਨੇ ਸਰਵਮੀਤ ਦੀ ਕਹਾਣੀ 'ਕਲਾਣ' ਨੂੰ 'ਨਵਾਂ ਜਨਮ' ਨਾਟਕ ਦੇ ਰੂਪ ਵਿਚ ਪੰਜਾਬ ਦੇ ਪਿੰਡ-ਪਿੰਡ ਤੇ ਸੱਥ-ਸੱਥ 'ਚ ਪਹੁੰਚਾਇਆ ਸੀ। ਵਿਦੇਸ਼ਾਂ 'ਚ ਇਸ ਨਾਟਕ ਦੇ ਪਤਾ ਨਹੀਂ ਕਿੰਨੇ ਸ਼ੋਅ ਹੋਏ ? ਪਹਿਲੀ ਵਾਰ ਚੰਡੀਗੜ੍ਹ ਦੇ ਟੈਗੋਰ ਥੀਏਟਰ 'ਚ ਭਾਅ ਜੀ ਦੀ ਟੀਮ ਵੱਲੋਂ ਖੇਡਿਆ ਇਹ ਨਾਟਕ ਦੇਖਣ ਮਗਰੋਂ ਮੈਂ ਆਪਣੇ ਸਾਲ ਕੁ ਦੇ ਪੁੱਤਰ ਅਨਹਦ ਨੂੰ ਢਾਕ 'ਤੇ ਚੁੱਕ ਕੇ ਸਟੇਜ 'ਤੇ ਹੀ ਭਾਅ ਜੀ ਨੂੰ ਮਿਲਣ ਤੁਰ ਪਈ ਸੀ। ਸਰਵਮੀਤ ਦੀ ਪਤਨੀ ਵਜੋਂ ਉਨ੍ਹਾਂ ਨੂੰ ਆਪਣੇ ਬਾਰੇ ਦੱਸਿਆ। ਉਨ੍ਹਾਂ ਨੇ ਬੜੇ ਖ਼ਲੂਸ ਨਾਲ ਮੇਰਾ ਸਿਰ ਪਲੋਸਿਆ ਤੇ ਫਿਰ ਅਨਹਦ ਨੂੰ ਪੁਚਕਾਰ ਕੇ ਕਹਿਣ ਲੱਗੇ—"ਉਏ ! ਇਹ ਤਾਂ ਸਾਡਾ ਸ਼ਿੱਬੂ ਏ...ਸ਼ਿੱਬੂ ਕੀ ਹਾਲ ਏ ਤੇਰਾ..." ਮੇਰੇ ਬੱਚੇ ਨੇ ਪੂਰੇ ਰੋਅਬ ਨਾਲ ਉਨ੍ਹਾਂ ਦੀ ਬਾਂਹ ਪਰ੍ਹਾਂ ਕਰਦਿਆਂ ਕਿਹਾ—"ਮੈਂ ਤਾਂ ਐਨੀ ਆਂ..." ਬੱਚੇ ਦੀ ਗੜਕਦੀ ਆਵਾਜ਼ ਸੁਣ ਕੇ ਭਾਅ ਜੀ ਦੇ ਨੀਲੇ ਅੰਬਰ ਜਿਹੇ ਮੋਹ ਨਾਲ ਭਰੇ ਨੈਣਾਂ 'ਚ ਹੋਰ ਮੋਹ ਉਤਰਦਾ ਮੈਨੂੰ ਨਜ਼ਰੀਂ ਪਿਆ ਸੀ। ਮੇਰੇ ਲਈ ਸਰਵਮੀਤ ਦੀ ਕਹਾਣੀ 'ਤੇ ਆਧਾਰਤ ਨਾਟਕ ਦੇਖਣਾ, ਭਾਅ ਜੀ ਨੂੰ ਮਿਲਣਾ ਉਸ ਦੇ ਹੋਰ ਨੇੜੇ ਹੋਣ ਦਾ ਉਪਰਾਲਾ ਸੀ।

ਭਾਅ ਜੀ ਨੂੰ ਸਰਵਮੀਤ ਤੋਂ ਬੜੀਆਂ ਆਸਾਂ ਸਨ। ਕਮਾਲ ਦੀ ਭਾਸ਼ਾ ਲਿਖ ਸਕਣ ਦੇ ਸਮਰੱਥ ਤੇ ਸਿਰਜਣਸ਼ੀਲ ਸਰਵਮੀਤ ਨੂੰ ਉਨ੍ਹਾਂ ਦੇ ਵੱਡੇ ਹੁੰਦਿਆਂ, ਕਹਾਣੀਕਾਰ ਤੇ ਕਾਬਲ ਪੱਤਰਕਾਰ ਬਣਦਿਆਂ ਦੇਖਿਆ ਮਾਣਿਆ ਸੀ। ਉਨ੍ਹਾਂ ਵੱਲੋਂ ਸਥਾਪਤ ਬਲਰਾਜ ਸਾਹਨੀ ਯਾਦਗਾਰੀ ਪ੍ਰਕਾਸ਼ਨ ਨੇ ਹੀ ਸਰਵਮੀਤ ਦੀ ਕਿਤਾਬ 'ਤਰਲੋਮੱਛੀ ਕਾਇਨਾਤ' ਪ੍ਰਕਾਸ਼ਿਤ ਕੀਤੀ ਸੀ। ਮਿੰਨੀ ਮਹਾਨਗਰ ਚੰਡੀਗੜ੍ਹ ਆ ਕੇ ਭਾਅ ਜੀ ਦੇ ਲਾਡਲੇ ਇਸ ਜ਼ਹੀਨ ਕਹਾਣੀਕਾਰ ਪੱਤਰਕਾਰ ਦੀ ਨਾਬਰੀ ਕਿਵੇਂ ਪ੍ਰਤੱਖ ਰੂਪ 'ਚ ਕੇਵਲ ਸ਼ਰਾਬੀ ਬੁਲਬੁਲੀ ਤੇ ਨੰਗੀਆਂ ਗਾਲ੍ਹਾਂ ਬਣ ਕੇ ਰਹਿ ਗਈ, ਇਸ ਗੱਲੋਂ ਉਹ ਨਿਰਾਸ਼ ਸਨ, ਤਾਂ ਹੀ ਤਾਂ ਸਰਵਮੀਤ ਦੇ ਭੋਗ 'ਤੇ ਉਹ ਗੁਰਦੁਆਰਾ ਸਾਹਿਬ ਦੇ ਬਾਹਰ ਬੈਠੇ ਨਿਰਾਸ਼ਾ 'ਚ ਹੱਥ ਮਾਰ ਰਹੇ ਸਨ। ਸਿਰ ਫੇਰ ਰਹੇ ਸਨ।

ਭਾਅ ਜੀ ਨਾਲ ਅਕਸਰ ਵੱਖ-ਵੱਖ ਥਾਈਂ ਮੇਲ ਹੁੰਦਾ ਰਹਿੰਦਾ। ਸਮਾਂ ਅਕਸਰ ਹੀ ਮੇਰੇ 'ਤੇ ਕਹਿਰਵਾਨ ਰਿਹਾ। ਜਦੋਂ ਕਦੇ ਅੱਕ ਜਾਂਦੀ ਤਾਂ ਜੀਅ ਕਰਦਾ ਕਿ ਭਾ ਜੀ ਕੋਲ ਜਾ ਕੇ ਆਪਣੀ ਵੇਦਨਾ ਦੱਸਾਂ ਕਿ ਕਿਵੇਂ ਮੇਰੇ ਭਰੋਸੇ ਨੂੰ ਠੱਗਿਆ ਗਿਆ। ਇਕ ਦਿਨ ਕਿਸੇ ਘਰੇਲੂ ਸਮਾਗਮ 'ਚ ਕੁਰਸੀ 'ਤੇ ਬੈਠੇ ਭਾਅ ਜੀ ਨੇ ਕੁਝ ਇਸ ਤਰ੍ਹਾਂ ਹਾਲ ਪੁੱਛਿਆ ਸੀ ਕਿ ਮੈਂ ਉਨ੍ਹਾਂ ਦੇ ਗੋਡਿਆਂ 'ਤੇ ਸਿਰ ਰੱਖ ਕੇ ਰੋ ਪਈ ਸੀ। ਉਨ੍ਹਾਂ ਸਿਰ 'ਤੇ ਹੱਥ ਧਰ ਕੇ ਕਿਹਾ ਸੀ, "ਦਵੀ ਧੀਏ ਤਕੜੀ ਹੋ ਜਾ...।" ਮੈਂ ਉਦੋਂ ਹੀ ਪਤਾ ਲੱਗਿਆ ਸੀ ਕਿ ਮੇਰੀ ਹੋਣੀ ਬਾਰੇ ਉਨ੍ਹਾਂ ਨੂੰ ਸਾਰਾ ਇਲਮ ਸੀ। ਆਖ਼ਰ ਇਕ ਅਹਿਸਾਸਮੰਦ ਬਾਬਲ ਧੀਆਂ ਦੀ ਵੇਦਨਾ ਕਿਵੇਂ ਨਾ ਸਮਝਦਾ ?

ਰਾਤੀਂ ਦੇਰ ਨਾਲ ਸਰਵਮੀਤ ਦੀ ਮਿੱਤਰ ਮੰਡਲੀ 'ਵੱਡੀਆਂ ਗੱਡੀਆਂ' 'ਚ

ਉਹਨੂੰ ਬੂਹੇ ਅੱਗੇ ਲਾਹ ਜਾਂਦੀ। ਕਦੇ-ਕਦੇ ਕੋਈ ਸ਼ਰਾਬੀ ਮਸ਼ਕਰੀ ਸੁਣਾਈ ਦਿੰਦੀ, "ਯਾਰ, ਸੁਣਿਐ ਮਲਵੈਣ ਬੜੀ ਡਾਢੀ ਐ...ਝੱਟ ਲੜ ਪੈਂਦੀ ਐ...।"

ਫਿਰ ਇਸੇ ਤਰਜ਼ ਦੇ ਹੋਰ ਠਹਾਕੇ ਸੁਣਨ ਨੂੰ ਮਿਲਦੇ। ਅਜਿਹੇ ਕਿਸੇ ਵੇਲੇ ਫਿਰ ਮੇਰਾ ਭਾਅ ਜੀ ਨੂੰ ਹੀ ਦੱਸਣ ਨੂੰ ਜੀ ਕਰਦਾ ਕਿ ਮੇਰੇ ਬਾਰੇ ਕਿਵੇਂ-ਕਿਵੇਂ ਦੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ। ਇਕ ਨੇ ਇਹ ਗੱਲਾਂ ਅਖ਼ਬਾਰ ਵਿਚ ਵੀ ਲਿਖ ਦਿੱਤੀਆਂ।

ਇਸੇ ਕਰਕੇ ਇਕ ਵਾਰ ਮੈਂ ਤਪੀ ਹੋਈ ਨੇ ਇਕ ਭਰੀ ਹੋਈ ਸਭਾ 'ਚ ਭਾਅ ਜੀ ਤੇ ਕਾਮਰੇਡ ਸੁਰਿੰਦਰ ਧੰਜਲ ਨੂੰ ਸੁਆਲ ਕੀਤਾ ਸੀ ਕਿ ਸਾਹਿਤਕ ਸਮਾਗਮਾਂ 'ਚ ਵੀ ਸੁਖ਼ਨਵਰਾਂ ਵੱਲੋਂ ਹਰ ਗੱਲ 'ਚ ਮਾਵਾਂ-ਭੈਣਾਂ ਕਿਉਂ ਪੁਣੀਆਂ ਜਾਂਦੀਆਂ ਹਨ ? ਕਿਉਂ ਇਹ ਸਮਾਗਮ ਅੰਤ 'ਚ ਦਾਰੂ ਦੇ ਦੌਰ 'ਚ ਖਿੱਲਰ ਜਾਂਦੇ ਹਨ ? ਉਸ਼ ਦਿਨ ਵੀ ਭਾਅ ਜੀ ਨੇ ਤਕੜੇ ਹੋਣ ਦੀ ਤਾਕੀਦ ਕੀਤੀ ਸੀ ਤੇ ਫਿਰ ਮਗਰੋਂ ਸਿਰ 'ਤੇ ਹੱਥ ਧਰ ਕੇ ਅਜਿਹੇ ਨਿੱਕੇ-ਮੋਟੇ ਮਾਨਸਿਕ ਤੌਰ 'ਤੇ ਗਰੀਬ ਲੋਕਾਂ ਦੀ ਪਰਵਾਹ ਨਾ ਕਰਨ ਦੀ ਨਸੀਹਤ ਦਿੱਤੀ ਸੀ।

ਸ਼ਬਦੀਸ਼ ਦਾ ਫ਼ੋਨ ਮੈਨੂੰ 27-28 ਦੀ ਰਾਤ ਦੇ 12.03 ਵਜੇ ਆਇਆ। ਭਾਅ ਜੀ, ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਦੇ ਆਗਾਜ਼ ਤੋਂ ਅੱਧਾ ਘੰਟਾ ਪਹਿਲਾ ਤੁਰ ਗਏ। ਦਲੇਰ ਤੇ ਜ਼ਿੰਦਗੀ ਦੇ ਆਸ਼ਕ ਲੋਕਾਂ ਦੇ ਦਿਨ ਤਿੱਥ ਨਾਲੋ-ਨਾਲ ਨਿਭੇ।

ਮੈਂ ਘਰ ਪੁੱਜ ਗਈ ਹਾਂ। ਘੜੀ ਦੀਆਂ ਸੂਈਆਂ ਕਦੋਂ ਦੀਆਂ ਸਾਢੇ ਬਾਰਾਂ ਪਾਰ ਕਰ ਚੁੱਕੀਆਂ ਹਨ। ਮੇਰਾ ਬੱਚਾ ਮਾਂ ਨੂੰ ਉਡੀਕਦਾ ਸੌਂ ਗਿਆ। ਮੇਰਾ ਮਨ ਡੋਲ ਰਿਹਾ ਸੀ। ਮੈਂ ਹਨੇਰੇ ਕਮਰੇ 'ਚ ਇਕੱਲੀ ਖੜ੍ਹੀ ਸੀ। ਇਕ ਵਾਰ ਫਿਰ ਤੜਫ਼ ਕੇ ਸਰਵਮੀਤ ਨੂੰ ਮੁਖ਼ਾਤਿਬ ਹੋਈ—

"ਪਾਸ਼, ਭਗਤ ਸਿੰਘ, ਚੀ ਗਵੇਰਾ ਤੇ ਗੁਰੂ ਗੋਬਿੰਦ ਸਿੰਘ ਜਿਹਿਆਂ ਦੀਆਂ ਗੱਲਾਂ ਦਾਰੂ ਨਾਲ ਡੱਕ ਕੇ ਨਹੀਂ ਕੀਤੀਆਂ ਜਾ ਸਕਦੀਆਂ। ਇਹ ਨਾਬਰੀ ਨਹੀਂ। ਇਹਦੇ ਲਈ ਤਾਂ ਅੰਦਰਲੀ ਖ਼ੁਮਾਰੀ ਤੇ ਸਦਾ ਜਾਗਣ ਦੀ ਲੋੜ ਹੁੰਦੀ ਹੈ। ਬਾਹਰਲੇ ਨਸ਼ਿਆਂ ਦੀ ਲੋੜ ਤਾਂ ਨਕਲੀ ਲੋਕਾਂ ਨੂੰ ਪੈਂਦੀ ਹੈ। ਸਰਵਮੀਤ ਤੂੰ ਤਾਂ ਇੰਜ ਦਾ ਨਹੀਂ ਸੀ।" ਭਾਅ ਜੀ ਮੈਂ ਤਕੜੇ ਰਹਿਣ ਦਾ ਰਤਨ ਕਰਾਂਗੀ। ਆਪਣੇ ਮੋਹ ਦੇ ਅੰਬਰਾਂ 'ਚੋਂ ਮੇਰੇ ਸਿਰ 'ਤੇ ਹੱਥ ਧਰੀ ਰੱਖਣਾ।

# ਗੁਰਸ਼ਰਨ ਸਿੰਘ ਤੋਂ ਪਿੱਛੋਂ ਸੱਖਣੇਪਣ ਦੇ ਰੂਬਰੂ

*—ਜਸਪਾਲ ਜੱਸੀ*

ਗੁਰਸ਼ਰਨ ਸਿੰਘ ਚਲੇ ਗਏ। ਕੁਦਰਤ ਦੇ ਅਟੱਲ ਨੇਮਾਂ ਅਨੁਸਾਰ ਇਕ ਦਿਨ ਉਨ੍ਹਾਂ ਜਾਣਾ ਹੀ ਸੀ। ਫ਼ਖ਼ਰਯੋਗ, ਮਾਣਮੱਤੀ, ਸੰਵੇਦਨਸ਼ੀਲ, ਸੰਗਰਾਮੀ, ਇਨਕਲਾਬੀ ਜ਼ਿੰਦਗੀ ਦੀ ਧੜਕਣ ਨੇ ਇਕ ਦਿਨ ਖ਼ਾਮੋਸ਼ ਹੋ ਜਾਣਾ ਸੀ। ਅਸੀਂ ਸਾਰੇ ਇਹ ਗੱਲ ਜਾਣਦੇ ਸਾਂ। ਜਦੋਂ 11 ਜਨਵਰੀ 2006 ਨੂੰ ਕੁੱਸੇ ਪਿੰਡ ਦੀ ਧਰਤੀ 'ਤੇ ਹਜ਼ਾਰਾਂ ਲੋਕਾਂ ਦੇ ਠਾਠਾਂ ਮਾਰਦੇ ਇਕੱਠ ਨੇ ਉਨ੍ਹਾਂ ਦੀ ਜੀਵਨ-ਘਾਲਣਾ ਨੂੰ ਜਨਤਕ ਸਲਾਮ ਭੇਟ ਕੀਤੀ ਅਤੇ ਉਨ੍ਹਾਂ ਨੂੰ 'ਇਨਕਲਾਬੀ ਨਿਹਚਾ ਸਨਮਾਨ' ਦੇ ਕੇ ਸਤਿਕਾਰਿਆ, ਉਦੋਂ ਵੀ ਨੇੜੇ ਢੁੱਕ ਰਹੀ ਇਸ ਅਟੱਲ ਹੋਣੀ ਦੇ ਫ਼ਿਕਰ ਭਰੇ ਸੰਕੇਤ ਚਰਚਾ ਵਿਚ ਆਏ ਸਨ। ਉਨ੍ਹਾਂ ਨੇ ਲੰਮੇ ਜੀਵਨ ਲਈ ਸ਼ੁਭ ਕਾਮਨਾਵਾਂ ਭੇਟ ਹੋਈਆਂ ਸਨ। ਇਹ ਜ਼ਿਕਰ ਹੋਇਆ ਸੀ ਕਿ ਮੌਤ ਅਜਿਹੇ ਇਨਸਾਨ ਦੀ ਕਰਨੀ ਅਤੇ ਘਾਲਣਾ ਨੂੰ ਸਮਾਜਿਕ ਜੀਵਨ 'ਚੋਂ ਖਾਰਜ ਨਹੀਂ ਕਰ ਸਕਦੀ :

*ਸਾਡੇ ਕਰਮਾਂ ਦੀਆਂ ਪੈੜਾਂ ਨੇ*
*ਜੀਵਨ ਦੀ ਧਾਰਾ ਹੋ ਜਾਣਾ*
*ਜਿਉਂਦੇ ਰੰਗ ਦੀਆਂ ਤਰੰਗਾਂ ਨੇ*
*ਕੱਲ੍ਹ ਦਾ ਲਿਸ਼ਕਾਰਾ ਹੋ ਜਾਣਾ*
*ਮਿਹਨਤ ਦੇ ਕੂਚ ਨਗਾਰੇ ਦਾ*
*ਜੇਤੂ ਧਮਕਾਰਾ ਹੋ ਜਾਣਾ*
*ਸਾਹਾਂ ਵਿਚ ਰਚ ਕੇ ਜ਼ਿੰਦਗੀ ਦੇ*
*ਅਸੀਂ ਸਦਾ ਸਦਾ ਲਈ ਜੀ ਰਹਿਣਾ*
*ਅਸੀਂ ਢਲਦੇ ਤਨ ਦੇ ਫ਼ਿਕਰਾਂ ਨੂੰ*
*ਸੀਨੇ ਚਿਪਕਾ ਕੇ ਕੀ ਲੈਣਾ*

ਗੁਰਸ਼ਰਨ ਸਿੰਘ ਦੇ ਹਿੱਸੇ 82 ਵਰ੍ਹੇ ਦੀ ਲੰਮੀ ਅਰਥ-ਭਰਪੂਰ ਜ਼ਿੰਦਗੀ ਆਈ। ਪਰ ਇਸ ਦੇ ਬਾਵਜੂਦ ਉਨ੍ਹਾਂ ਦੇ ਤੁਰ ਜਾਣ ਦੀ ਘੜੀ, ਜਦੋਂ ਵੀ ਆਉਣੀ ਸੀ, ਇਕ ਸਦਮਾ ਬਣ ਕੇ ਆਉਣੀ ਸੀ। ਗੁਰਸ਼ਰਨ ਸਿੰਘ ਨੇ ਤੁਰ ਜਾਣ ਪਿੱਛੋਂ ਵੀ

ਆਪਣੀ ਹੋਂਦ ਅਣਗਿਣਤ ਨੈਣਾਂ ਦੀ ਬੇਕਾਬੂ ਛਲਕ ਰਾਹੀਂ ਦਰਸਾਉਣੀ ਸੀ।

28 ਸਤੰਬਰ ਨੂੰ ਜਦੋਂ ਚੰਡੀਗੜ੍ਹ ਦੇ 25 ਸੈਕਟਰ 'ਚ ਉਨ੍ਹਾਂ ਨੂੰ ਅੰਤਮ ਵਿਦਾਇਗੀ ਦਿੱਤੀ ਜਾ ਰਹੀ ਸੀ ਤਾਂ ਇਹ ਨਾਅਰਾ ਵਾਰ-ਵਾਰ ਗੂੰਜ ਰਿਹਾ ਸੀ, "ਗੁਰਸ਼ਰਨ ਸਿੰਘ ਕਿਤੇ ਨਹੀਂ ਗਏ, ਗੁਰਸ਼ਰਨ ਸਿੰਘ ਸਾਡੇ ਦਿਲਾਂ 'ਚ ਨੇ।"

ਉਨ੍ਹਾਂ ਦੀ ਮ੍ਰਿਤਕ ਦੇਹ ਕੋਲ ਖਲੋ ਕੇ ਉਹੀ ਬੋਲ ਇਕ ਵਾਰੀ ਫੇਰ ਦੁਹਰਾਏ ਜਾ ਰਹੇ ਸਨ, ਜੋ 11 ਜਨਵਰੀ 2006 ਨੂੰ ਕੁੱਸੇ ਦੀ ਧਰਤੀ 'ਤੇ ਹਜ਼ਾਰਾਂ ਲੋਕਾਂ ਵੱਲੋਂ ਗੁਰਸ਼ਰਨ ਸਿੰਘ ਦੇ ਸਤਿਕਾਰ 'ਚ ਖੜ੍ਹੇ ਹੋ ਕੇ ਸਾਂਝੇ ਤੌਰ 'ਤੇ ਉਚਾਰੇ ਗਏ ਸਨ। ਗੁਰਸ਼ਰਨ ਸਿੰਘ ਨੂੰ ਭੇਟ ਕੀਤੇ ਸਨਮਾਨ ਪੱਤਰ ਦੇ ਇਹ ਸ਼ਬਦ ਰਤਾ ਕੁ ਤਬਦੀਲੀ ਨਾਲ ਹੁਣ ਸ਼ਰਧਾਂਜਲੀ ਅਹਿਦਨਾਮੇ 'ਚ ਵਟ ਗਏ ਸਨ :—

> *ਅਸੀਂ ਪੰਜਾਬ ਦੇ ਲੋਕਾਂ ਦੀ ਇਨਕਲਾਬੀ ਲਹਿਰ ਵੱਲੋਂ ਗੁਰਸ਼ਰਨ ਸਿੰਘ ਦੀ ਇਨਕਲਾਬੀ ਜੀਵਨ-ਘਾਲਣਾ ਨੂੰ ਆਪਣਾ ਸਲਾਮ ਭੇਟ ਕਰਦੇ ਹਾਂ।*
>
> *ਅਸੀਂ ਮਾਣ ਮਹਿਸੂਸ ਕਰਦੇ ਹਾਂ ਕਿ ਗੁਰਸ਼ਰਨ ਸਿੰਘਦੀ ਰਹਿਨੁਮਾਈ ਹੇਠ ਉੱਸਰੇ ਪੰਜਾਬ ਦੇ ਰੰਗਮੰਚ 'ਤੇ ਸਾਡੇ ਸੁਪਨਿਆਂ ਦੀ ਲੋਅ ਜਗਦੀ ਹੈ, ਸਾਡੇ ਵਿਰਸੇ ਦਾ ਸੂਰਜ ਚਮਕਦਾ ਹੈ, ਸਾਡੇ ਸੰਘਰਸ਼-ਨਗਾਰੇ ਦੀ ਧਮਕ ਗੂੰਜਦੀ ਹੈ, ਸਾਡੇ ਭਵਿੱਖ ਦਾ ਝੰਡਾ ਲਹਿਰਾਉਂਦਾ ਹੈ ਅਤੇ ਲਹਿਰਾਉਂਦਾ ਰਹੇਗਾ।*
>
> *ਸਾਨੂੰ ਮਾਣ ਹੈ ਕਿ ਗੁਰਸ਼ਰਨ ਸਿੰਘ ਦੀ ਕਲਾ ਪ੍ਰੇਰਨਾ ਸਾਡੇ ਦਿਲਾਂ 'ਚ ਧੜਕਦੀ ਹੈ, ਸਾਡੇ ਮੱਥਿਆਂ 'ਚ ਜਗਦੀ ਹੈ, ਸਾਡੇ ਨੈਣਾਂ 'ਚ ਬਲਦੀ ਹੈ, ਤਣੇ ਹੋਏ ਮੁੱਕਿਆਂ 'ਚ ਲਹਿਰਾਉਂਦੀ ਹੈ ਅਤੇ ਲਹਿਰਾਉਂਦੀ ਰਹੇਗੀ।*
>
> *ਸਾਨੂੰ ਮਾਣ ਹੈ ਕਿ ਸਾਡਾ ਗੁਰਸ਼ਰਨ ਸਿੰਘ, ਜ਼ਿੰਦਗੀ ਭਰ ਸਾਡਾ ਹੋ ਕੇ ਜਿਊਇਆ ਹੈ। ਲਟ-ਲਟ ਬਲਦੀ ਇਨਕਲਾਬੀ ਨਿਹਚਾ ਦੀ ਇਸ ਮੂਰਤ ਨੂੰ ਅਸੀਂ ਆਪਣੀਆਂ ਪਲਕਾਂ 'ਤੇ ਬਿਠਾ ਕੇ ਰੱਖਾਂਗੇ।*
>
> *ਅਸੀਂ ਅਹਿਦ ਕਰਦੇ ਹਾਂ ਕਿ ਅਸੀਂ ਗੂੜ੍ਹੀ ਲੋਅ ਨਾਲ ਚਮਕਦੇ ਲੋਕਾਂ ਦੀ ਲਹਿਰ ਦੇ ਇਸ ਸਿਤਾਰੇ ਦੀ ਘਾਲਣਾ ਨੂੰ ਕਦੇ ਵੀ ਨਹੀਂ ਭੁੱਲਾਂਗੇ। ਨਿਹਫਲ ਨਹੀਂ ਜਾਣ ਦਿਆਂਗੇ। ਲੋਕਾਂ ਦੀ ਲਹਿਰ ਅਤੇ ਲੋਕਾਂ ਦੀ ਕਲਾ ਦੇ ਰਿਸ਼ਤੇ ਨੂੰ ਹੋਰ ਗੂੜ੍ਹਾ ਕਰਾਂਗੇ। ਲੋਕ-ਸੰਗਰਾਮਾਂ ਦਾ ਕਾਫ਼ਲਾ ਹੋਰ ਵੱਡਾ ਕਰਾਂਗੇ। ਇਸ ਨੂੰ ਨਵੇਂ ਸਮਾਜ ਦੀ ਮੰਜ਼ਲ ਤਕ ਲੈ ਕੇ ਜਾਵਾਂਗੇ।*

ਗੁਰਸ਼ਰਨ ਸਿੰਘ ਦੇ ਤੁਰ ਜਾਣ ਪਿੱਛੋਂ ਵੀ ਉਸ ਦੀ ਹੋਂਦ ਦੇ ਇਸ ਜਿਊਂਦੇ ਜਾਗਦੇ ਧੜਕਦੇ ਅਹਿਸਾਸ ਦੇ ਬਾਵਜੂਦ ਸੱਖਣੇਪਣ ਦੀ ਇਕ ਡੂੰਘੀ ਭਾਵਨਾ ਮੌਜੂਦ ਸੀ। ਇਹ ਸੱਖਣਾਪਣ ਨੈਣਾਂ 'ਚ ਉਮਡ ਰਿਹਾ ਸੀ, ਪਲਕਾਂ 'ਤੇ ਛਲਕ ਰਿਹਾ

ਸੀ, ਉਦਰੇਵੇਂ ਭਰੀਆਂ ਆਪਸੀ ਗਲਵੱਕੜੀਆਂ ਰਾਹੀਂ ਪ੍ਰਗਟ ਹੋ ਰਿਹਾ ਸੀ ਅਤੇ ਮ੍ਰਿਤਕ ਦੇਹ ਨੂੰ ਅੰਤਮ ਵਿਦਾਇਗੀ ਦੇਣ ਪਿੱਛੋਂ ਚੁੱਪਚਾਪ ਬੈਠੇ ਇਕੱਠ ਦੀ ਖ਼ਾਮੋਸ਼ੀ 'ਚ ਬਿਰਾਜਮਾਨ ਸੀ।

ਇਹ ਸੱਖਣਾਪਣ ਸਿਰਫ਼ ਗੁਰਸ਼ਰਨ ਸਿੰਘ ਦੀ ਹਾਜ਼ਰੀ ਦੀ ਵਿਲੱਖਣ ਛੋਹ ਗੁਆਚ ਜਾਣ ਦਾ ਨਤੀਜਾ ਨਹੀਂ ਸੀ। ਜਜ਼ਬਾਤਾਂ ਅਤੇ ਭਾਵਨਾਵਾਂ ਨੇ ਇਹ ਛੋਹ ਦਹਾਕਿਆਂ-ਬੱਧੀ ਮਾਣੀ ਹੈ। ਇਸ ਦਾ ਅਲੋਪ ਹੋ ਜਾਣਾ ਉਦਾਸੀ ਪੈਦਾ ਕਰਦਾ ਹੈ ਤਾਂ ਵੀ ਅਜਿਹੇ ਖਲਾਅ ਨੂੰ ਮਨ ਕੁਝ ਅਰਸੇ 'ਚ ਪੂਰ ਲੈਂਦੇ ਹਨ, ਸਾਹਵੇਂ ਹੋ ਜਾਂਦੇ ਹਨ ਅਤੇ ਜ਼ਿੰਦਗੀ ਆਪਣੀ ਤੋਰ ਤੁਰ ਪੈਂਦੀ ਹੈ।

ਪਰ ਗੁਰਸ਼ਰਨ ਸਿੰਘ ਦੇ ਤੁਰ ਜਾਣ ਨਾਲ ਪੈਦਾ ਹੋਏ ਸੱਖਣੇਪਣ ਦੇ ਅਰਥ ਇਸ ਨਾਲੋਂ ਕਿਤੇ ਵੱਡੇ ਹਨ। ਇਹ ਹਕੀਕੀ ਸੱਖਣਾਪਣ ਹੈ, ਜਿਹੜਾ ਇਨਕਲਾਬੀ ਪੰਜਾਬੀ ਰੰਗਮੰਚ ਦੇ ਅਸਲੀ ਥੰਮ੍ਹ ਦੇ ਅਲੋਪ ਹੋ ਜਾਣ ਨਾਲ ਪੈਦਾ ਹੋਇਆ ਹੈ। ਇਸ ਦਾ ਪੂਰਾ ਅਹਿਸਾਸ ਆਉਂਦੇ ਦਿਨਾਂ 'ਚ ਅਮਲੀ ਤਜਰਬੇ ਰਾਹੀਂ ਹੋਵੇਗਾ। ਗੁਰਸ਼ਰਨ ਸਿੰਘ ਦੇ ਤੁਰ ਜਾਣ ਦਾ ਪੰਜਾਬੀਆਂ ਦੀ ਇਨਕਲਾਬੀ ਰੰਗਮੰਚ ਲਹਿਰ 'ਤੇ ਕੀ ਅਸਰ ਪੈਂਦਾ ਹੈ, ਇਸ ਦਾ ਪੂਰਾ ਪਤਾ ਵੀ ਆਉਂਦੇ ਦਿਨਾਂ 'ਚ ਲੱਗਣਾ ਹੈ। ਪੰਜਾਬ ਦੇ ਰੰਗਮੰਚ 'ਤੇ ਗੁਰਸ਼ਰਨ ਸਿੰਘ ਦੀ ਹਾਜ਼ਰੀ ਅਸਾਧਾਰਨ ਹੋ ਨਿਬੜੀ ਹੈ। ਉਨ੍ਹਾਂ ਨੇ ਇਨਕਲਾਬੀ ਨਾਟਕ ਲਹਿਰ ਦੇ ਸ਼੍ਰੋਮਣੀ ਉਸਰੱਈਏ ਦਾ ਰੋਲ ਅਦਾ ਕੀਤਾ ਅਤੇ ਫੇਰ ਇਸ ਉੱਸਰੀ ਹੋਈ ਲਹਿਰ ਦੇ ਇਨਕਲਾਬੀ ਤੱਤ ਅਤੇ ਜੁੱਸੇ ਦੀ ਰਾਖੀ ਕ਼ਰਨ 'ਚ ਅਹਿਮ ਰੋਲ ਅਦਾ ਕੀਤਾ। ਤਿਲਕਣਾਂ ਅਤੇ ਕਮਜ਼ੋਰੀਆਂ ਦੇ ਪਰਛਾਵੇਂ ਇਸ ਸ਼ਾਨਦਾਰ ਇਨਕਲਾਬੀ ਰੰਗਮੰਚ ਲਹਿਰ ਦੇ ਆਲੇ-ਦੁਆਲੇ ਮੰਡਲਾਉਂਦੇ ਰਹੇ ਹਨ। ਅਜਿਹੀ ਹਾਲਤ 'ਚ ਗੁਰਸ਼ਰਨ ਸਿੰਘ ਦੇ ਇਨਕਲਾਬੀ ਸਮਰਪਣ ਦਾ ਜਲੌਅ ਕਈ ਨਾਟਕ ਮੰਡਲੀਆਂ ਅਤੇ ਕਲਾਕਾਰਾਂ ਦੇ ਡੋਲਦੇ ਥਿੜਕਦੇ ਕਦਮਾਂ ਨੂੰ ਬੋਚ ਲੈਂਦਾ ਰਿਹਾ ਹੈ। ਗੁਰਸ਼ਰਨ ਸਿੰਘ ਦੀ ਕਲਾ-ਪ੍ਰਤਿਭਾ ਦੀ ਛੋਹ ਹੇਠ ਸਮਰੱਥ ਕਲਾਕਾਰਾਂ ਦੇ ਪੂਰਾਂ ਦੇ ਪੂਰ ਉੱਭਰੇ। ਇਹ ਬਹੁਤੀ ਵੱਡੀ ਅਤੇ ਲਾਮਿਸਾਲ ਪ੍ਰਾਪਤੀ ਸੀ। ਪਰ ਇਸ ਤੋਂ ਵੀ ਵੱਡੀ ਪ੍ਰਾਪਤੀ ਇਨ੍ਹਾਂ ਕਲਾਕਾਰਾਂ ਦੀ ਵੱਡੀ ਗਿਣਤੀ ਨੂੰ ਇਕ ਜਾਂ ਦੂਜੇ ਢੰਗ ਨਾਲ ਇਨਕਲਾਬੀ, ਲੋਕਪੱਖੀ ਰੰਗਮੰਚ ਦੀ ਬੁੱਕਲ 'ਚ ਰੱਖ ਸਕਣਾ ਸੀ।

ਅਜਮੇਰ ਔਲਖ ਨੇ ਇਹ ਦਰੁਸਤ ਟਿੱਪਣੀ ਕੀਤੀ ਸੀ ਕਿ ਪੰਜਾਬ ਦੇ ਪਿੰਡਾਂ 'ਚ ਪੰਜਾਬੀ ਰੰਗਮੰਚ ਦੀਆਂ ਕੰਕਰੀਟ ਦੀਆਂ ਪੱਕੀਆਂ ਕੰਧਾਂ ਗੁਰਸ਼ਰਨ ਸਿੰਘ ਨੇ ਉਸਾਰੀਆਂ ਹਨ। ਇਪਟਾ ਰਾਹੀਂ ਸ਼ੁਰੂ ਹੋਈ ਰੰਗਮੰਚ ਲਹਿਰ ਨੂੰ ਕਲਾ-ਮਿਆਰਾਂ ਪੱਖੋਂ ਕਿਤੇ ਉੱਚੇ ਪੱਧਰ 'ਤੇ ਲੈ ਜਾਣ ਦੀ ਭੂਮਿਕਾ ਵੀ ਗੁਰਸ਼ਰਨ ਸਿੰਘ ਨੇ ਨਿਭਾਈ। ਪਰ ਸਭ ਤੋਂ ਵੱਧ ਇਹ ਗੁਰਸ਼ਰਨ ਸਿੰਘ ਦੀ ਇਨਕਲਾਬੀ ਨਿਹਚਾ ਅਤੇ ਸਮਰਪਣ ਹੀ ਸੀ, ਜਿਸ ਨੇ ਉਨ੍ਹਾਂ ਨੂੰ ਇਨਕਲਾਬੀ ਨਾਟਕ ਲਹਿਰ ਦੀ ਬੇਜੋੜ ਸ਼ਖ਼ਸੀਅਤ ਬਣਾਇਆ।

ਨਿਰਦੇਸ਼ਨਾ ਅਤੇ ਅਦਾਕਾਰੀ ਦੀਆਂ ਰੌਸ਼ਨ ਮਿਸਾਲਾਂ ਪੱਖੋਂ ਹੁਣ ਵੀ ਪੰਜਾਬੀ ਰੰਗਮੰਚ ਦੀ ਟੋਲੀ ਸੱਖਣੀ ਨਹੀਂ ਹੈ, ਸਗੋਂ ਭਾਗਾਂ ਭਰੀ ਹੈ। ਪਰ ਇਨਕਲਾਬੀ ਨਿਹਚਾ ਅਤੇ ਸਮਰਪਣ ਦੀ ਭਾਵਨਾ ਪੱਖੋਂ ਗੁਰਸ਼ਰਨ ਸਿੰਘ ਦੇ ਮਿਆਰਾਂ ਨੂੰ ਛੋਹਣ ਖ਼ਾਤਰ ਇਨਕਲਾਬੀ ਰੰਗਮੰਚ ਲਹਿਰ ਅਜੇ ਸਮਾਂ ਲਵੇਗੀ। ਗੁਰਸ਼ਰਨ ਸਿੰਘ ਦੀ ਹਾਜ਼ਰੀ, ਕਲਾਕਾਰਾਂ ਅੰਦਰ ਮੌਜੂਦ ਲੋਕਾਂ ਪ੍ਰਤੀ ਸਮਰਪਣ ਦੀ ਭਾਵਨਾ ਦੀ ਹਰ ਚਿਣਗ ਨੂੰ ਇਕ ਲੜੀ 'ਚ ਪਰੋਅ ਲੈਣ ਦਾ ਰੋਲ ਅਦਾ ਕਰਦੀ ਰਹੀ ਹੈ। ਇਨਕਲਾਬੀ ਪੰਜਾਬੀ ਰੰਗਮੰਚ ਦੀ ਬੱਝਵੀਂ ਹੋਂਦ ਨੂੰ ਖੋਰੇ ਅਤੇ ਖਿੰਡਾਅ ਦੇ ਕਿਸੇ ਵੀ ਖ਼ਤਰੇ ਖ਼ਿਲਾਫ਼ ਗੁਰਸ਼ਰਨ ਸਿੰਘ ਦੀ ਸ਼ਖ਼ਸੀਅਤ ਆਪਣੇ ਆਪ 'ਚ ਹੀ ਢਾਲ ਦਾ ਕੰਮ ਕਰਦੀ ਸੀ। ਈਰਖਾਵਾਂ, ਮੁਕਾਬਲੇਬਾਜ਼ੀ ਅਤੇ ਸੌੜੀ ਧੜੇਬੰਦੀ ਦੀਆਂ ਰੁਚੀਆਂ ਨੂੰ ਕੰਟਰੋਲ ਕਰਨ 'ਚ ਇਸ ਪੱਖ ਨੇ ਅਹਿਮ ਰੋਲ ਅਦਾ ਕੀਤਾ।

ਇਨ੍ਹਾਂ ਪੱਖਾਂ ਕਰਕੇ ਗੁਰਸ਼ਰਨ ਸਿੰਘ ਦਾ ਤੁਰ ਜਾਣਾ ਇਨਕਲਾਬੀ ਰੰਗਮੰਚ ਲਹਿਰ ਦੇ ਖੇਤਰ 'ਚ ਇਕ ਚੁਣੌਤੀ ਵਰਗੀ ਘਟਨਾ ਹੈ। ਬਿਨਾਂ ਸ਼ੱਕ ਗੁਰਸ਼ਰਨ ਸਿੰਘ ਵੱਲੋਂ ਘਾਲੀ ਘਾਲਣਾ ਨਿਹਫਲ ਨਹੀਂ ਜਾਵੇਗੀ। ਉਨ੍ਹਾਂ ਵੱਲੋਂ ਅਦਾ ਕੀਤਾ ਰੋਲ ਪ੍ਰੇਰਨਾ ਬਣਦਾ ਰਹੇਗਾ। ਇਨਕਲਾਬੀ ਰੰਗਮੰਚ ਲਹਿਰ ਦੀ ਕਦਮ-ਤਾਲ ਨੂੰ ਸਾਵੀਂ ਰੱਖਣ 'ਚ ਆਪਣਾ ਰੋਲ ਅਦਾ ਕਰਦਾ ਰਹੇਗਾ ਤਾਂ ਵੀ ਕਾਫ਼ੀ ਕੁਝ ਗੁਰਸ਼ਰਨ ਸਿੰਘ ਤੋਂ ਪ੍ਰੇਰਨਾ ਲੈਣ ਦੇ ਸੁਚੇਤ ਅਤੇ ਸੁਹਿਰਦ ਯਤਨਾਂ 'ਤੇ ਨਿਰਭਰ ਕਰੇਗਾ। ਗੁਰਸ਼ਰਨ ਸਿੰਘ ਵਰਗੇ ਅਕੀਦੇ, ਘਾਲਣਾ ਅਤੇ ਸਮਰਪਣ ਨੂੰ ਲਗਾਤਾਰ ਪਾਲਣ-ਪੋਸਣ ਦੀ ਲੋੜ ਹੋਵੇਗੀ। ਪੰਜਾਬੀ ਰੰਗਮੰਚ ਦੀ ਧਰਤੀ 'ਤੇ ਗੁਰਸ਼ਰਨ ਸਿੰਘ ਦੀ ਵਿਰਾਸਤ ਦੇ ਬੀਜ ਖਿਲਰੇ ਹੋਏ ਹਨ। ਪਰ ਇਨ੍ਹਾਂ ਬੀਜਾਂ ਨੂੰ ਸਿੰਜਣ ਦੀ ਲੋੜ ਹੋਵੇਗੀ। ਇਨ੍ਹਾਂ ਬੀਜਾਂ ਦੀ ਫ਼ਸਲ ਦੀ ਲਗਾਤਾਰ ਗੋਡੀ ਕਰਨ ਦੀ ਲੋੜ ਹੋਵੇਗੀ, ਕਿਉਂਕਿ ਜਗੀਰੂ-ਸਾਮਰਾਜੀ ਸਭਿਆਚਾਰਕ ਹਮਲੇ ਦਾ ਨਦੀਣ ਆਸੇ-ਪਾਸੇ ਪੁੰਗਰ ਰਿਹਾ ਹੈ।

ਬਰਾਬਰੀ ਆਧਾਰਤ ਸਮਾਜ ਗੁਰਸ਼ਰਨ ਸਿੰਘ ਦਾ ਟੀਚਾ ਸੀ। ਮਨੁੱਖੀ ਬਰਾਬਰੀ ਉਨ੍ਹਾਂ ਲਈ ਸਿਰਫ਼ ਇਕ ਸਿਧਾਂਤ ਨਹੀਂ ਸੀ। ਨਿਰਾ ਵਿਚਾਰ ਜਾਂ ਨਾਅਰਾ ਨਹੀਂ ਸੀ। ਬਰਾਬਰੀ ਦੀ ਇਹ ਭਾਵਨਾ ਉਨ੍ਹਾਂ ਦੇ ਕਦਰ-ਪ੍ਰਬੰਧ 'ਚ ਰਚੀ ਹੋਈ ਸੀ। ਉਨ੍ਹਾਂ ਦਾ ਸਭਿਆਚਾਰ ਬਣੀ ਹੋਈ ਸੀ। ਜਾਤ-ਹੰਕਾਰ ਅਤੇ ਮਰਦ-ਹੰਕਾਰ ਦੀ ਬਿਰਤੀ ਨੂੰ ਉਹ ਦਿਲ ਦੀਆਂ ਡੂੰਘਾਈਆਂ 'ਚੋਂ ਸਖ਼ਤ ਨਫ਼ਰਤ ਕਰਦੇ ਸਨ। ਦਬਾਈਆਂ ਹੋਈਆਂ ਜਾਤਾਂ ਅਤੇ ਔਰਤਾਂ ਪ੍ਰਤੀ ਉਨ੍ਹਾਂ ਦਾ ਰਵੱਈਆ ਤਰਸ ਦੀ ਭਾਵਨਾ ਵਾਲਾ ਨਹੀਂ ਸੀ। ਉਨ੍ਹਾਂ ਦੀਆਂ ਤਕਰੀਰਾਂ, ਨਾਟਕ ਅਤੇ ਤਰਜ਼ੇ-ਜ਼ਿੰਦਗੀ ਇਨ੍ਹਾਂ ਸਮਾਜਿਕ ਪਰਤਾਂ ਅੰਦਰ ਅੰਗੜਾਈ ਲੈਂਦੀ ਸਵੈ-ਮਾਣ ਦੀ ਭਾਵਨਾ ਨਾਲ ਇਕਮਿਕ ਸਨ। ਇਸ ਪੱਖ ਦੀ ਇਕ ਉੱਘੜਵੀਂ ਮਿਸਾਲ 'ਨਵਾਂ ਜਨਮ' ਨਾਟਕ ਸੀ। ਗੁਰਸ਼ਰਨ ਸਿੰਘ ਦੀ ਸ਼ਖ਼ਸੀਅਤ ਆਪਣੇ ਆਪ ਵਿਚ ਹੀ ਇਸ ਗ਼ਲਤ ਪ੍ਰਭਾਵ ਦਾ ਖੰਡਨ ਸੀ ਕਿ ਕਮਿਊਨਿਸਟ, ਇਨਕਲਾਬੀ ਅਤੇ ਅਗਾਂਹਵਧੂ ਲਹਿਰ ਜਾਤ-ਹੰਕਾਰ ਅਤੇ ਮਰਦ-

ਹੰਕਾਰ ਤੋਂ ਮੁਕਤ ਮਨੁੱਖੀ ਭਾਵਨਾਵਾਂ ਸਿਰਜਣ ਅਤੇ ਸਥਾਪਤ ਕਰਨ ਦੇ ਸਮਰੱਥ ਨਹੀਂ ਹੈ।

ਸਾਮਰਾਜੀ ਸਭਿਆਚਾਰਕ ਹਮਲੇ ਖ਼ਿਲਾਫ਼ ਉਨ੍ਹਾਂ ਨੇ ਹਮੇਸ਼ਾ ਗਰਜਵੀਂ ਆਵਾਜ਼ ਬੁਲੰਦ ਕੀਤੀ। ਪਰ ਗੁਰਸ਼ਰਨ ਸਿੰਘ ਉਨ੍ਹਾਂ 'ਚੋਂ ਨਹੀਂ ਸਨ, ਜੋ ਸਭਿਆਚਾਰਕ ਖੇਤਰ ਦੀ ਲੜਾਈ ਨੂੰ ਪੰਜਾਬੀ ਸਭਿਆਚਾਰ ਬਨਾਮ ਪੱਛਮੀ ਸਭਿਆਚਾਰ ਵਜੋਂ ਵੇਖਦੇ ਹਨ। ਉਹ ਪੱਛਮੀ ਸਭਿਆਚਾਰ ਦੇ ਨਿੱਘਰੇ ਸਾਮਰਾਜੀ ਪਹਿਲੂ ਦੇ ਬੇਕਿਰਕ ਆਲੋਚਕ ਸਨ। ਪਰ ਉਨ੍ਹਾਂ ਨਰੋਈਆਂ ਕਦਰਾਂ-ਕੀਮਤਾਂ ਨੂੰ ਮਹੱਤਵ ਦਿੰਦੇ ਸਨ, ਜੋ ਜਗੀਰੂ ਪ੍ਰਬੰਧ ਖ਼ਿਲਾਫ਼ ਮਹਾਨ ਜਾਗਰਤੀ ਅਤੇ ਇਨਕਲਾਬਾਂ ਦੇ ਦੌਰ 'ਚ ਪੱਛਮੀ ਮੁਲਕਾਂ 'ਚ ਉੱਭਰੀਆਂ ਅਤੇ ਸਥਾਪਤ ਹੋਈਆਂ। ਦੂਜੇ ਪਾਸੇ 'ਪੰਜਾਬੀ ਸਭਿਆਚਾਰ' ਬਾਰੇ ਵੀ ਉਨ੍ਹਾਂ ਦਾ ਜਮਾਤੀ ਨਜ਼ਰੀਆ ਸੀ। ਪੰਜਾਬੀ ਸਭਿਆਚਾਰ ਦੇ ਨਾਂ ਹੇਠ ਜਗੀਰੂ ਕਦਰਾਂ-ਕੀਮਤਾਂ ਦੇ ਗੁਣ-ਗਾਣ ਨਾਲ ਉਨ੍ਹਾਂ ਨੂੰ ਸਖ਼ਤ ਨਫ਼ਰਤ ਸੀ। ਔਰਤਾਂ ਪ੍ਰਤੀ ਤ੍ਰਿਸਕਾਰ ਦੀ ਜਗੀਰੂ ਭਾਵਨਾ ਵਿਸ਼ੇਸ਼ ਕਰਕੇ ਉਨ੍ਹਾਂ ਦੀ ਸਖ਼ਤ ਨੁਕਤਾਚੀਨੀ ਦੀ ਮਾਰ ਹੇਠ ਆਉਂਦੀ ਸੀ। ਜਮਹੂਰੀ ਰਵੱਈਆ ਅਤੇ ਕਦਰਾਂ-ਕੀਮਤਾਂ ਗ੍ਰਹਿਣ ਕਰਨ ਪੱਖੋਂ ਸਭਨਾਂ ਲੇਖਕਾਂ, ਕਲਾਕਾਰਾਂ ਅਤੇ ਇਨਕਲਾਬੀ ਕਾਰਕੁਨਾਂ ਦੀ ਹਾਲਤ ਸਾਵੀਂ ਨਹੀਂ ਹੈ। ਇਸ ਪੱਖੋਂ ਗੁਰਸ਼ਰਨ ਸਿੰਘ ਦੀ ਸ਼ਖ਼ਸੀਅਤ ਤੋਂ ਪ੍ਰੇਰਨਾ ਲੈਣ ਦੀ ਵਿਸ਼ੇਸ਼ ਅਹਿਮੀਅਤ ਹੈ।

ਇਨਕਲਾਬੀ ਪੰਜਾਬੀ ਰੰਗਮੰਚ ਅਤੇ ਲੋਕਾਂ ਦੀ ਲਹਿਰ ਨੂੰ ਗੁਰਸ਼ਰਨ ਸਿੰਘ ਦੀ ਗੂੰਜਦੀ ਆਵਾਜ਼ ਦਾ ਵਿਗੋਚਾ ਅਤੇ ਖਲਾਅ ਕਾਫ਼ੀ ਚਿਰ ਮਹਿਸੂਸ ਹੁੰਦਾ ਰਹੇਗਾ। ਪੰਜਾਬੀ ਸ਼ਾਇਰ ਸੁਰਜੀਤ ਪਾਤਰ ਨੇ ਕਿਸੇ ਸ਼ੇਅਰ ਰਾਹੀਂ ਸੁਝਾਇਆ ਹੈ ਕਿ ਸੱਖਣੇਪਣ ਅੰਦਰ ਗੂੰਜ ਪੈਦਾ ਕਰਨ ਲਈ 'ਆਂਦਰਾਂ ਨੂੰ ਤਾਰਾਂ ਵਾਂਗ' ਕੱਸ ਲੈਣ ਦੀ ਜ਼ਰੂਰਤ ਹੁੰਦੀ ਹੈ। ਰੰਗਮੰਚ ਦੇ ਉਨ੍ਹਾਂ ਸੰਗਰਾਮੀਆਂ ਨੂੰ ਜਿਹੜੇ ਗੁਰਸ਼ਰਨ ਸਿੰਘ ਦੇ ਖਲਾਅ ਨੂੰ ਪੂਰਨ ਲਈ 'ਜ਼ਿੰਦਗੀ ਦਾ ਸਾਜ਼' ਬਣ ਕੇ ਥਰਕਣਾ ਚਾਹੁੰਦੇ ਹਨ, ਇਹੋ ਕਰਨਾ ਪੈਣਾ ਹੈ।